ਗੋਂਡ ॥ ਭੈਰਉ ਭੂਤ ਸੀਤਲਾ ਧਾਵੈ ॥ ਖਰ ਬਾਹਨੁ ਉਹੁ ਛਾਰੁ ਉਡਾਵੈ ॥੧॥ ਹਉ ਤਉ ਏਕੁ ਰਮਈਆ ਲੈਹਉ ॥ ਆਨ ਦੇਵ ਬਦਲਾਵਨਿ ਦੈਹ ਉ ॥੧॥ ਰਹਾਉ ॥ ਸਿਵ ਸਿਵ ਕਰਤੇ ਜੋ ਨਰੁ ਧਿਆਵੈ ॥ ਬਰਦ ਚਢੇ ਡਉਰੂ ਢਮਕਾਵੈ ॥੨॥ ਮਹਾ ਮਾਈ ਕੀ ਪੂਜਾ ਕਰੈ ॥ ਨਰ ਸੈ ਨਾਰਿ ਹੋਇ ਅਉਤਰੈ ॥੩॥ ਤੂ ਕਹੀਅਤ ਹੀ ਆਦਿ ਭਵਾਨੀ ॥ ਮੁਕਤਿ ਕੀ ਬਰੀਆ ਕਹਾ ਛਪਾਨੀ ॥ ੪॥ ਗੁਰਮਤਿ ਰਾਮ ਨਾਮ ਗਹੁ ਮੀਤਾ ॥ ਪ੍ਰਣਵੈ ਨਾਮਾ ਇਉ ਕਹੈ ਗੀਤਾ ॥੫॥੨॥੬॥ {ਪੰਨਾ 874}

ਨੋਟ:- ਅਖ਼ੀਰਲੀ ਤੁਕ ਵਿਚ ਸੰਬੋਧਨ ਕਰ ਕੇ ਜਿਸ "ਮੀਤ" ਨੂੰ ਨਾਮਦੇਵ ਜੀ ਇਸ ਸ਼ਬਦ ਦੀ ਰਾਹੀਂ ਭੈਰਉ, ਸ਼ਿਵ, ਮਹਾ ਮਾਈ ਆਦਿਕ ਦੀ ਪੂਜਾ ਵਲੋਂ ਵਰਜਦੇ ਹਨ ਉਹ ਕੋਈ 'ਪੰਡਤ' ਜਾਪਦਾ ਹੈ, ਕਿਉਂਕਿ ਉਸ ਦਾ ਧਿਆਨ ਉਸ ਦੇ ਆਪਣੇ ਹੀ ਧਰਮ-ਪੁਸਤਕ 'ਗੀਤਾ' ਵਲ ਭੀ ਦਿਵਾਉਂਦੇ ਹਨ।

ਪਦਅਰਥ:- ਭੈਰਉ—ਇਕ ਜਤੀ ਦਾ ਨਾਮ ਸੀ, ਸਵਾਰੀ ਕਾਲੇ ਕੁੱਤੇ ਦੀ ਕਹੀ ਜਾਂਦੀ ਹੈ। ਸ਼ਿਵ ਜੀ ਦੀਆਂ ਅੱਠ ਭਿਆਨਕ ਸ਼ਕਲਾਂ ਵਿਚੋਂ ਇੱਕ ਭੈਰਉ ਹੈ। ਇਸ ਦਾ ਮੰਦਰ ਜੰਮੂ ਤੋਂ ਪਰੇ ਦੁਰਗਾ ਦੇ ਮੰਦਰ ਤੋਂ ਉਤੇ ਦੋ ਮੀਲ ਤੇ ਬਣਿਆ ਹੋਇਆ ਹੈ। ਸੀਤਲਾ—ਚੀਚਕ (small pox) ਦੀ ਦੇਵੀ; ਇਸ ਦੀ ਸਵਾਰੀ ਖੋਤੇ ਦੀ ਹੈ। ਖਰ—ਖੋਤਾ। ਖਰ ਬਾਹਨੁ—ਖੋਤੇ ਦੀ ਸਵਾਰੀ ਕਰਨ ਵਾਲਾ। ਛਾਰ—ਸੁਆਹ।1।

ਤਉ—ਤਾਂ। ਰਮਈਆ—ਸੋਹਣਾ ਰਾਮ। ਲੈ ਹਉ—ਲਵਾਂਗਾ। ਆਨ—ਹੋਰ। ਬਦਲਾਵਨਿ—ਬਦਲੇ ਵਿਚ, ਵੱਟੇ ਵਿਚ। ਦੈ ਹਉ—ਦੇ ਦਿਆਂਗਾ।1। ਰਹਾਉ।

ਬਰਦ—ਬਲਦ (ਇਹ ਸ਼ਿਵ ਜੀ ਦੀ ਸਵਾਰੀ ਹੈ)। ਡਉਰੂ—ਡਮਰੂ।2।

ਮਹਾ—ਵੱਡੀ। ਮਹਾ ਮਾਈ—ਵੱਡੀ ਮਾਂ, ਪਾਰਵਤੀ। ਸੈ—ਤੋਂ। ਹੋਇ—ਬਣ ਕੇ। ਅਉਤਰੈ—ਜੰਮਦਾ ਹੈ।3।

ਕਹੀਅਤ—ਕਹੀ ਜਾਂਦੀ ਹੈ। ਭਵਾਨੀ—ਦੁਰਗਾ ਦੇਵੀ। ਬਰੀਆ—ਵਾਰੀ। ਛਪਾਨੀ—ਲੁਕ ਜਾਂਦੀ ਹੈ।4।

ਗਹੁ—ਫੜ, ਪਕੜ, ਆਸਰਾ ਲੈ। ਮੀਤਾ—ਹੇ ਮਿੱਤਰ ਪੰਡਤ! ਇਉ—ਇਸੇ ਤਰ੍ਹਾਂ ਹੀ।5।

ਅਰਥ:- ਜੋ ਮਨੁੱਖ ਭੈਰੋਂ ਵਲ ਜਾਂਦਾ ਹੈ (ਭਾਵ, ਜੋ ਭੈਰੋਂ ਦੀ ਅਰਾਧਨਾ ਕਰਦਾ ਹੈ) ਉਹ (ਵਧ ਤੋਂ ਵਧ ਭੈਰੋਂ ਵਰਗਾ ਹੀ) ਭੂਤ ਬਣ ਜਾਂਦਾ ਹੈ। ਜੋ ਸੀਤਲਾ ਨੂੰ ਅਰਾਧਦਾ ਹੈ ਉਹ (ਸੀਤਲਾ ਵਾਂਗ) ਖੋਤੇ ਦੀ ਸਵਾਰੀ ਕਰਦਾ ਹੈ ਤੇ (ਖੋਤੇ ਦੇ ਨਾਲ) ਸੁਆਹ ਹੀ ਉਡਾਉਂਦਾ ਹੈ।1।

(ਹੇ ਪੰਡਤ!) ਮੈਂ ਤਾਂ ਇੱਕ ਸੋਹਣੇ ਰਾਮ ਦਾ ਨਾਮ ਹੀ ਲਵਾਂਗਾ, (ਤੁਹਾਡੇ) ਹੋਰ ਸਾਰੇ ਦੇਵਤਿਆਂ ਨੂੰ ਉਸ ਨਾਮ ਦੇ ਵੱਟੇ ਵਿਚ ਦੇ ਦਿਆਂਗਾ, (ਭਾਵ, ਪ੍ਰਭੂ-ਨਾਮ ਦੇ ਟਾਕਰੇ ਤੇ ਮੈਨੂੰ ਤੁਹਾਡੇ ਕਿਸੇ ਭੀ ਦੇਵੀ ਦੇਵਤੇ ਦੀ ਲੋੜ ਨਹੀਂ ਹੈ)।1। ਰਹਾਉ।

ਜੋ ਮਨੁੱਖ ਸ਼ਿਵ ਦਾ ਨਾਮ ਜਪਦਾ ਹੈ ਉਹ (ਵਧ ਤੋਂ ਵਧ ਜੋ ਕੁਝ ਹਾਸਲ ਕਰ ਸਕਦਾ ਹੈ ਇਹ ਹੈ ਕਿ ਸ਼ਿਵ ਦਾ ਰੂਪ ਲੈ ਕੇ, ਸ਼ਿਵ ਦੀ ਸਵਾਰੀ) ਬਲਦ ਉੱਤੇ ਚੜ੍ਹਦਾ ਹੈ ਤੇ (ਸ਼ਿਵ ਵਾਂਗ) ਡਮਰੂ ਵਜਾਉਂਦਾ ਹੈ।2।

ਜੋ ਮਨੁੱਖ ਪਾਰਬਤੀ ਦੀ ਪੂਜਾ ਕਰਦਾ ਹੈ ਉਹ ਮਨੁੱਖ ਤੋਂ ਜ਼ਨਾਨੀ ਬਣ ਕੇ ਜਨਮ ਲੈਂਦਾ ਹੈ (ਕਿਉਂਕਿ ਪੂਜਾ ਕਰਨ ਵਾਲਾ ਆਪਣੇ ਪੂਜਯ ਦਾ ਰੂਪ ਹੀ ਬਣ ਸਕਦਾ ਹੈ)।3।

ਹੇ ਭਵਾਨੀ! ਤੂੰ ਸਭ ਦਾ ਮੁੱਢ ਅਖਵਾਉਂਦੀ ਹੈਂ, ਪਰ (ਆਪਣੇ ਭਗਤਾਂ ਨੂੰ) ਮੁਕਤੀ ਦੇਣ ਵੇਲੇ ਤੂੰ ਭੀ, ਪਤਾ ਨਹੀਂ, ਕਿੱਥੇ ਲੁਕੀ ਰਹਿੰਦੀ ਹੈਂ (ਭਾਵ, ਮੁਕਤੀ ਭਵਾਨੀ ਪਾਸ ਭੀ ਨਹੀਂ ਹੈ)।4।

ਸੋ, ਨਾਮਦੇਵ ਬੇਨਤੀ ਕਰਦਾ ਹੈ—ਹੇ ਮਿੱਤਰ (ਪੰਡਤ!) ਸਤਿਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦੇ ਨਾਮ ਦੀ

ਓਟ ਲੈ, (ਤੁਹਾਡੀ ਧਰਮ-ਪੁਸਤਕ) ਗੀਤਾ ਭੀ ਇਹੀ ਆਖਦੀ ਹੈ।5।2।6।

ਸ਼ਬਦ ਦਾ ਭਾਵ:- ਪੂਜਾ ਕਰ ਕੇ ਮਨੁੱਖ ਵਧ ਤੋਂ ਵਧ ਆਪਣੇ ਪੂਜਯ ਦਾ ਰੂਪ ਹੀ ਬਣ ਸਕਦਾ ਹੈ; ਸੰਸਾਰ-ਸਮੁੰਦਰ ਤੋਂ ਮੁਕਤੀ ਦਿਵਾਉਣੀ ਕਿਸੇ ਦੇਵੀ ਦੇਵਤੇ ਦੇ ਹੱਥ ਨਹੀਂ; ਇਸ ਵਾਸਤੇ ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ, ਪ੍ਰਭੂ ਹੀ ਮੁਕਤੀ-ਦਾਤਾ ਹੈ।